ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ

ਛੇਵੀਂ ਮੰਜ਼ਿਲ, ਬਲਾਕ-ਈ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ, ਫੇਜ਼-8,

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), ਫੋਨ ਨੰਬਰ:-0172-2212221

75 Azadi Ka Amrit Mahotsav

ਵੱਲ

(ਨੋਟਿਸ ਬੋਰਡ ਅਤੇ ਵੈੱਬਸਾਈਟ ਰਾਹੀਂ)

ਸਮੂਹ ਸਕੂਲ ਮੁੱਖੀ,

ਸਮੂਹ ਪ੍ਰਿੰਸੀਪਲ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾਵਾਂ (DIETs)

ਪੰਜਾਬ।

ਮੀਮੋ ਨੰ: SCERT/54/2021-SDP-SCERT/266098/ 02-03

ਮਿਤੀ: ਸਾਹਿਬਜ਼ਾਦਾ ਅਜੀਤ ਸਿੰਘ ਨਗਰ, 23-11-2022

**ਵਿਸ਼ਾ:-** Celebration of Constitution Day on 26th November, 2022 **ਸੰਬੰਧੀ।**

ਹਵਾਲਾ:- ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ, ਭਾਰਤ ਸਰਕਾਰ, ਨਵੀਂ ਦਿੱਲੀ ਤੋਂ ਪ੍ਰਾਪਤ ਅਰਧ ਸਰਕਾਰੀ ਪੱਤਰ ਨੰ. 19022/07/2017-SCD-VI ਮਿਤੀ November 11, 2022 ਅਤੇ ਸਿੱਖਿਆ ਮੰਤਰਾਲਾ, ਭਾਰਤ ਸਰਕਾਰ ਦੇ ਪੱਤਰ D.O.No.F.10-35/2022-Sch.-4 (Pt.1) Dated: 15th November, 2022 ਦੇ ਸਬੰਧ ਵਿੱਚ।

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਉਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਅਨੁਸਾਰ ਮਿਤੀ 26 ਨਵੰਬਰ, 2022 ਨੂੰ ਸੰਵਿਧਾਨ ਦਿਵਸ ਮਨਾਇਆ ਜਾ ਰਿਹਾ ਹੈ।

3.0 ਮਿਤੀ 26 ਨਵੰਬਰ, 2022 ਨੂੰ ਸੰਵਿਧਾਨ ਦਿਵਸ ਮਨਾਉਂਦੇ ਹੋਏ ਸਮੂਹ ਸਕੂਲਾਂ ਅਤੇ ਸਮੂਹ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾਵਾਂ (DIETs) ਵਿੱਚ ਸਵੇਰੇ 11 ਵਜੇ ਸਾਰੇ ਕਰਮਚਾਰੀਆਂ, ਵਿਦਿਆਰਥੀਆਂ ਅਤੇ ਹਿੱਸੇਦਾਰਾਂ ਦਾ ਸਹੁੰ ਚੁੱਕ ਸਮਾਗਮ ਆਯੋਜਨ ਕੀਤਾ ਜਾਵੇ। (ਸਹੁੰ ਦੀ ਕਾਪੀ ਨੱਥੀ)

4.0 ਸਕੂਲਾਂ ਅਤੇ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾਵਾਂ (DIETs) ਵਿੱਚ ਪ੍ਰਮੁੱਖ ਸਥਾਨਾਂ 'ਤੇ ਭਾਰਤ ਦੇ ਸੰਵਿਧਾਨ ਦੀ ਪ੍ਰਸਤਾਵਨਾ ਅਤੇ ਬੁਨਿਆਦੀ ਕਰਤੱਵ (ਜਿਵੇਂ ਕਿ ਸੰਵਿਧਾਨ ਦੇ ਭਾਗ IV A ਵਿੱਚ ਦਰਸਾਇਆ ਗਿਆ ਹੈ) ਪ੍ਰਦਰਸ਼ਿਤ ਕੀਤੇ ਜਾਣ।

5.0 ਸਕੂਲ ਅਸੈਂਬਲੀ ਦੌਰਾਨ ਵੀ ਪ੍ਰਸਤਾਵਨਾ ਨੂੰ ਪੜ੍ਹਿਆ ਜਾਵੇ।

6.0 ਸੰਵਿਧਾਨ ਦੇ ਵੱਖ-ਵੱਖ ਪਹਿਲੂਆਂ 'ਤੇ Debates, ਕੁਇਜ਼, ਲੇਖ ਮੁਕਾਬਲੇ ਆਦਿ ਕਰਵਾਏ ਜਾਣ।

Scanned by CamScanner

7.0 ਸੰਵਿਧਾਨਕ ਕਦਰਾਂ-ਕੀਮਤਾਂ ਅਤੇ ਭਾਰਤੀ ਸੰਵਿਧਾਨ ਦੀਆਂ ਬੁਨਿਆਦਾਂ ਬਾਰੇ ਗੱਲਬਾਤ/ਵੈਬੀਨਾਰਾਂ ਦਾ ਆਯੋਜਨ ਕੀਤਾ ਜਾਵੇ। ਨੌਜਵਾਨਾਂ ਨੂੰ ਭਾਰਤ ਦੇ ਸੰਵਿਧਾਨ ਵਿੱਚ ਦਰਜ ਕਦਰਾਂ-ਕੀਮਤਾਂ ਅਤੇ ਸਿਧਾਂਤਾਂ ਬਾਰੇ ਸਿੱਖਿਅਤ ਕਰਨ ਦੇ ਉਦੇਸ਼ ਲਈ ਅਤੇ ਆਪਣੇ ਸੰਵਿਧਾਨ ਨੂੰ ਜਾਣਣ (Know Your Constitution (KYC) ਤੋਂ ਜਾਣੂੰ ਕਰਵਾਇਆ ਜਾਵੇ।

8.0 ਮਿਤੀ 26 ਨਵੰਬਰ, 2022 ਨੂੰ ਸੰਵਿਧਾਨ ਦਿਵਸ ਸਮਾਗਮਾਂ ਦੌਰਾਨ ਕੀਤੀ ਗਈ ਕਾਰਵਾਈ ਦੀ ਰਿਪੋਰਟ ਇਸ ਦਫ਼ਤਰ ਨੂੰ email: scertactivities@gmail.com ਰਾਹੀਂ ਮਿਤੀ 30 ਨਵੰਬਰ, 2022 ਤੱਕ ਭੇਜੀ ਜਾਵੇ।

ਸਹਾਇਕ ਡਾਇਰੈਕਟਰ,
ਐਸ.ਸੀ.ਈ.ਆਰ.ਟੀ,ਪੰਜਾਬ।

ਪਿੱਠ ਅੰਕਣ ਨੰ: ਉਕਤ/04-07. ਮਿਤੀ: ਐਸ.ਏ.ਐਸ. ਨਗਰ,23-11-2022

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ

1. ਪੀ.ਏ ਟੂ ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ ਟੂ ਡੀ.ਜੀ.ਐਸ.ਈ., ਪੰਜਾਬ।
3. ਪੀ.ਏ ਟੂ ਡੀ.ਪੀ.ਆਈ. (ਸੈਸਿੱ/ਐਸਿੱ), ਪੰਜਾਬ ਨੂੰ ਸੂਚਨਾ ਹਿੱਤ ਅਤੇ
4. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈਸਿੱ/ਐਸਿੱ),ਪੰਜਾਬ ਨੂੰ ਸਰਕਾਰੀ, ਅਰਧ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ, ਖੁਦਮੁਖਤਿਆਰ ਸੰਸਥਾਵਾਂ ਦੇ ਮੁੱਖੀਆਂ ਨੂੰ ਸਾਰੇ ਕਰਮਚਾਰੀਆਂ ਅਤੇ ਵਿਦਿਆਰਥੀਆਂ, ਅਧੀਨ ਆਉਂਦੇ ਦਫ਼ਤਰਾਂ ਦੇ ਸਾਰੇ ਕਰਮਚਾਰੀਆਂ ਆਦਿ ਨੂੰ ਸੰਵਿਧਾਨ ਦਿਵਸ ਮਨਾਉਣ ਦੇ ਸੰਬੰਧ ਵਿੱਚ ਕਰਵਾਈਆਂ ਜਾਣ ਵਾਲੀਆਂ ਉਕਤ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕਰਨ ਹਿੱਤ ਭੇਜਿਆਂ ਜਾਂਦਾ ਹੈ।

ਸਹਾਇਕ ਡਾਇਰੈਕਟਰ,
ਐਸ.ਸੀ.ਈ.ਆਰ.ਟੀ,ਪੰਜਾਬ

Scanned by CamScanner